**ਪੱਤਿਆਂ ਤੇ ਧੱਬਿਆਂ ਦਾ ਰੋਗ:** ਇਹ ਰੋਗ ਕਈ ਉੱਲੀਆਂ ਦੇ ਹਮਲੇ ਕਾਰਨ ਲੱਗਦਾ ਹੈ। ਇਸ ਨਾਲ ਪੱਤਿਆਂ ਤੇ ਗੋਲ ਭੂਰੇ ਰੰਗ ਦੇ ਜਾਮਣੀ ਕਿਨਾਰਿਆਂ ਵਾਲੇ ਧੱਬੇ ਜਾਂ ਹਲਕੇ ਪੀਲੇ ਤੋਂ ਭੂਰੇ ਰੰਗ ਦੇ ਬੇਢੰਗੇ ਧਾਰੀਆਂ ਵਾਲੇ ਧੱਬੇ ਜਾਂ ਗੂੜ੍ਹੇ ਭੂਰੇ ਵਿਚਕਾਰੋਂ ਸਲੇਟੀ ਰੰਗ ਦੇ ਧੱਬੇ ਪੈ ਜਾਂਦੇ ਹਨ। ਆਮ ਤੌਰ ਤੇ ਇਹ ਬਿਮਾਰੀ ਬੂਟਿਆਂ ਦੇ ਟੀਂਡੇ ਪੈਣ ਸਮੇਂ ਖੇਤਾਂ ਵਿੱਚ ਨਜ਼ਰ ਆਉਂਦੀ ਹੈ। ਇਸ ਦੀ ਰੋਕਥਾਮ ਲਈ ਐਮੀਸਟਾਰ ਟੋਪ 325 ਈ ਸੀ (ਐਜ਼ੋਕਸੀਸਟਰੋਬਿਨ+ਡਾਈਫੈਨੋਕੋਨਾਜ਼ੋਲ) ਨੂੰ 200 ਲਿਟਰ ਪਾਣੀ ਵਿੱਚ ਘੋਲ ਕੇ ਪ੍ਰਤੀ ਏਕੜ ਛਿੜਕਾਅ ਕਰੋ। ਲੋੜ ਪੈਣ ਤੇ 15-20 ਦਿਨਾਂ ਦੇ ਵਕਫੇ ਤੇ ਇਹ ਛਿੜਕਾਅ ਦੁਹਰਾਓ।

**ਪੈਰਾ ਵਿਲਟ:** ਔੜ ਤੋਂ ਬਾਅਦ ਫਸਲ ਨੂੰ ਜਿਆਦਾ ਪਾਣੀ ਲੱਗਣ ਜਾਂ ਭਾਰਾ ਮੀਂਹ ਪੈਣ ਨਾਲ ਹਰੇ ਪੱਤੇ ਅਚਾਨਕ ਮੁਰਝਾ ਜਾਂਦੇ ਹਨ ਅਤੇ ਸੁੱਕ ਜਾਂਦੇ ਹਨ। ਇਸ ਦੀ ਰੋਕਥਾਮ ਲਈ ਕੋਬਾਲਟ ਕਲੋਰਾਈਡ 10 ਮਿਲੀਗ੍ਰਾਮ ਪ੍ਰਤੀ ਲਿਟਰ ਪਾਣੀ ਵਿੱਚ ਘੋਲ ਕੇ ਪ੍ਰਭਾਵਿਤ ਬੂਟਿਆਂ ਤੇ ਛਿੜਕਾਅ ਕਰੋ।



ਪੈਰਾ ਵਿਲਟ

## ਨਰਮੇ ਵਿੱਚ ਪਾਏ ਜਾਣ ਵਾਲੇ ਮਿੱਤਰ ਕੀੜੇ



ਲਾਲ ਭੂੰਡੀ



ਤਿੰਨ ਧਾਰੀ ਭੂੰਡੀ



ਟੇਢੀਆਂ ਧਾਰੀਆਂ ਵਾਲੀ ਭੂੰਡੀ



ਜੈਂਕੀਅਸ



ਗਰੀਨ ਲੇਸਵਿੰਗ



ਐਨੇਸ਼ੀਅਸ



ਜਿਊਕੋਰਸ



ਐਨਟੀਲੋਕਸ



ਬਰੈਕਨ ਹਿਬੇਟਰ



ਅਸੈਸਨ ਬੱਗ



ਵੱਡੀ ਅੱਖ ਵਾਲੀ ਬੱਗ



ਐਨਕਾਰਸੀਆ


ਮੱਕੜੀ



ਮੱਕੜੀ



Designed by: Manjit Singh



# ਨਰਮੇ ਅਤੇ ਦੇਸੀ ਕਪਾਹ ਦੀ ਸਫਲ ਕਾਸ਼ਤ ਸੰਬੰਧੀ ਮਹੱਤਵਪੂਰਣ ਨੁਕਤੇ

ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ, ਪੰਜਾਬ
ਅਤੇ
ਪੰਜਾਬ ਐਗਰੀਕਲਚਰਲ ਯੂਨੀਵਰਸਿਟੀ, ਲੁਧਿਆਣਾ
2020

ਨਰਮਾ ਅਤੇ ਦੇਸੀ ਕਪਾਹ ਪੰਜਾਬ ਦੇ ਦੱਖਣ-ਪੱਛਮੀ ਜ਼ਿਲ੍ਹਿਆਂ ਦੀ ਇੱਕ ਵੱਡਮੁੱਲੀ ਵਪਾਰਕ ਫਸਲ ਹੈ ਅਤੇ ਪੰਜਾਬ ਕਾਫੀ ਸਮੇਂ ਤੋਂ ਇਸ ਫਸਲ ਦੀ ਪੈਦਾਵਾਰ ਵਿੱਚ ਇੱਕ ਪ੍ਰਮੁੱਖ ਰਾਜ ਰਿਹਾ ਹੈ। ਬੀ ਟੀ ਨਰਮੇ ਦੇ ਆਉਣ ਤੋਂ ਬਾਅਦ ਟੀਂਡੇ ਕਾਣੇ ਕਰਨ ਵਾਲੀਆਂ ਸੁੰਡੀਆਂ ਤੋਂ ਤਾਂ ਰਾਹਤ ਮਿਲ ਗਈ ਪਰ ਰਸ ਚੂਸਣ ਵਾਲੇ ਕੀੜਿਆਂ ਦੇ ਹਮਲੇ ਵਿੱਚ ਵਾਧਾ ਹੋਇਆ ਹੈ। ਰਸ ਚੂਸਣ ਵਾਲੇ ਕੀੜੇ ਜਿਵੇਂ ਕਿ ਚਿੱਟੀ ਮੱਖੀ, ਹਰਾ ਤੇਲਾ, ਮਿਲੀਬੱਗ ਅਤੇ ਭੂਰੀ ਜੂੰ ਆਦਿ ਪ੍ਰਮੁੱਖ ਹਨ। ਕਿਸਾਨ ਵੀਰੋ, ਸਾਲ 2015 ਦੌਰਾਨ ਚਿੱਟੀ ਮੱਖੀ ਦਾ ਭਿਆਨਕ ਹਮਲਾ ਹੋਇਆ ਜਿਸ ਕਾਰਨ ਨਰਮੇ ਦੀ ਫਸਲ ਦੇ ਝਾੜ ਤੇ ਮਾੜਾ ਅਸਰ ਪਿਆ। ਇਸ ਨੂੰ ਮੱਦੇਨਜ਼ਰ ਰੱਖਦੇ ਹੋਏ ਕਿਸਾਨ ਵੀਰਾਂ ਨੂੰ ਸੁਚੇਤ ਕੀਤਾ ਜਾਂਦਾ ਹੈ **ਕਿ ਨਰਮੇਂ ਦੀ ਚੰਗੀ ਪੈਦਾਵਾਰ ਲੈਣ ਲਈ ਹੇਠ ਲਿਖੇ ਮਹੱਤਵਪੂਰਣ ਨੁਕਤੇ ਧਿਆਨ ਵਿੱਚ ਰੱਖਣ:**

**ਸਿਫਾਰਸ਼ ਕਿਸਮਾਂ:** ਨਰਮੇ ਅਤੇ ਦੇਸੀ ਕਪਾਹ ਦੀਆਂ ਸਿਫਾਰਸ਼ ਕੀਤੀਆਂ ਕਿਸਮਾਂ ਹੀ ਬੀਜੋ।

**ਬੀਜ ਦੀ ਮਾਤਰਾ:** ਬਾਲਗਾਰਡ ਕਿਸਮਾਂ ਲਈ ਬੀਜ 900 ਗ੍ਰਾਮ ਪ੍ਰਤੀ ਏਕੜ ਦੇ ਹਿਸਾਬ ਨਾਲ ਵਰਤੋ।

**ਬਿਜਾਈ ਦਾ ਢੁੱਕਵਾਂ ਸਮਾਂ:** **1 ਅਪ੍ਰੈਲ ਤੋਂ 15 ਮਈ।**

ਬਿਜਾਈ ਦਾ ਫਾਸਲਾ: ਬੀ ਟੀ ਨਰਮੇ ਵਾਸਤੇ ਲਾਈਨ ਤੋਂ ਲਾਈਨ ਦਾ ਫਾਸਲਾ 67.5 ਸੈਂਟੀਮੀਟਰ ਅਤੇ ਬੂਟੇ ਤੋਂ ਬੂਟੇ ਦਾ ਫਾਸਲਾ 75 ਸੈਂਟੀਮੀਟਰ ਰੱਖੋ।

**ਨਦੀਨਾਂ ਦੀ ਰੋਕਥਾਮ:** ਨਰਮੇ ਅਤੇ ਦੇਸੀ ਕਪਾਹ ਵਿੱਚ ਨਦੀਨਾਂ ਦੀ ਰੋਕਥਾਮ ਲਈ 2-3 ਗੋਡੀਆਂ ਕਰਨੀਆਂ ਚਾਹੀਦੀਆਂ ਹਨ। ਪਹਿਲੀ ਗੋਡੀ ਪਹਿਲੇ ਪਾਣੀ ਤੋਂ ਪਹਿਲਾਂ ਕਰੋ ਅਤੇ ਦੂਜੀ ਗੋਡੀ ਫੁੱਲ ਲੱਗਣ ਤੋਂ ਪਹਿਲਾਂ ਕਰਨੀ ਚਾਹੀਦੀ ਹੈ। ਇਟਸਿਟ/ਚੁਪੱਤੀ ਅਤੇ ਮਧਾਣਾ/ਮੱਕੜਾ ਦੀ ਰੋਕਥਾਮ ਲਈ **ਇੱਕ ਲਿਟਰ ਪ੍ਰਤੀ ਏਕੜ ਸਟੌਂਪ 30 ਈ ਸੀ ਬਿਜਾਈ ਦੇ 24 ਘੰਟੇ ਅੰਦਰ** ਛਿੜਕੋ ਅਤੇ ਬਿਜਾਈ ਤੋਂ 45 ਦਿਨ ਬਾਅਦ ਇੱਕ ਗੋਡੀ ਕਰੋ। ਜਿਨ੍ਹਾਂ ਖੇਤਾਂ ਵਿੱਚ ਨਦੀਨ ਪਹਿਲਾ ਪਾਣੀ ਲਾਉਣ ਪਿੱਛੋਂ ਜਾਂ ਮੀਂਹ ਪੈਣ ਤੇ ਉੱਗਦੇ ਹਨ ਉੱਥੇ ਇੱਕ ਲਿਟਰ ਸਟੌਂਪ 30 ਈ ਸੀ ਨੂੰ 200 ਲਿਟਰ ਪਾਣੀ ਵਿੱਚ ਘੋਲ ਕੇ ਇਸ ਦਾ ਛਿੜਕਾਅ ਪਾਣੀ ਲਾਉਣ ਤੋਂ ਬਾਅਦ ਚੰਗੇ ਵੱਤਰ ਤੇ ਕਰੋ।

ਇਸ ਦੇ ਬਦਲ ਵਿੱਚ ਪਹਿਲੇ ਪਾਣੀ ਤੋਂ ਬਾਅਦ ਖੇਤ ਵੱਤਰ ਆਉਣ ਤੇ **500 ਮਿਲੀਲਿਟਰ ਹਿਟਵੀਡ ਮੈਕਸ 10 ਪ੍ਰਤੀਸ਼ਤ** ਦਾ ਛਿੜਕਾਅ ਕਰਨ ਤੇ **ਘਾਹ ਅਤੇ ਚੌੜੇ ਪੱਤੇ ਵਾਲੇ ਨਦੀਨਾਂ** ਦੀ ਰੋਕਥਾਮ ਕੀਤੀ ਜਾ ਸਕਦੀ ਹੈ। ਗੋਡੀ ਦੇ ਬਦਲ ਵਿੱਚ ਪ੍ਰਤੀ ਏਕੜ 500 ਮਿਲੀਲਿਟਰ ਗਰੈਮਕਸੋਨ 24 ਐਸ ਐਲ (ਪੈਰਾਕੁਐਟ) ਨੂੰ 100 ਲਿਟਰ ਪਾਣੀ ਵਿੱਚ ਘੋਲ ਕੇ 6 ਤੋਂ 8 ਹਫ਼ਤੇ ਬਾਅਦ ਕਰੋ। ਫ਼ਸਲਾਂ ਦੀਆਂ ਕਤਾਰਾਂ ਵਿੱਚਕਾਰ ਸੁਰੱਖਿਅਤ ਹੁੱਡ ਦੀ ਵਰਤੋਂ ਕਰਕੇ ਨਦੀਨਾਂ ਉੱਪਰ ਸਿੱਧਾ ਛਿੜਕਾਅ ਕਰੋ। ਧਿਆਨ ਰੱਖੋ ਕਿ ਨਦੀਨਨਾਸ਼ਕ ਦੀ ਸਪਰੇਅ ਬੂਟਿਆਂ ਉੱਪਰ ਨਹੀਂ ਪੈਣੀ ਚਾਹੀਦੀ।

**ਖਾਦਾਂ ਦੀ ਵਰਤੋਂ:** ਖਾਦਾਂ ਦੀ ਵਰਤੋਂ ਸਿਫਾਰਸ਼ਾਂ ਮੁਤਾਬਿਕ ਅਤੇ ਮਿੱਟੀ ਦੀ ਪਰਖ ਦੇ ਆਧਾਰ ਤੇ ਕਰੋ। ਬੀ ਟੀ ਨਰਮੇ ਦੀ ਫਸਲ ਵਿੱਚ ਯੂਰੀਆ 90 ਕਿੱਲੋ, ਪੀ ਏ ਯੂ ਬੀ ਟੀ ਲਈ 80 ਕਿੱਲੋ, ਡੀ ਏ ਪੀ 27 ਕਿੱਲੋ ਜਾਂ ਸੁਪਰਫਾਸਫੇਟ 75 ਕਿੱਲੋ ਦੇ ਹਿਸਾਬ ਨਾਲ ਪਾਓ। ਗੈਰ ਬੀ ਟੀ ਨਰਮਾ ਅਤੇ ਦੇਸੀ ਕਪਾਹ ਵਿੱਚ ਯੂਰੀਆ 65 ਕਿੱਲੋ, ਡੀ ਏ ਪੀ 27 ਕਿੱਲੋ ਜਾਂ ਸਿੰਗਲ ਸੁਪਰਫਾਸਫੇਟ 75 ਕਿੱਲੋ ਪਾਓ। ਦਰਮਿਆਨੀ ਪੋਟਾਸ਼ ਵਾਲੀਆਂ ਜ਼ਮੀਨਾਂ ਵਿੱਚ ਨਰਮੇ ਦੀ ਫਸਲ ਨੂੰ 20 ਕਿੱਲੋ ਮਿਊਰੇਟ ਆਫ ਪੋਟਾਸ਼ ਖਾਦ ਅਤੇ 10 ਕਿੱਲੋ ਜ਼ਿੰਕ ਸਲਫੇਟ ਹੈਪਟਾਹਾਈਡਰੇਟ ਪ੍ਰਤੀ ਏਕੜ ਦੇ ਹਿਸਾਬ ਨਾਲ ਪਾਓ। ਨਰਮੇਂ ਕਪਾਹ ਦਾ ਜ਼ਿਆਦਾ ਝਾੜ ਲੈਣ ਲਈ 2 ਪ੍ਰਤੀਸ਼ਤ **ਪੋਟਾਸ਼ੀਅਮ ਨਾਈਟਰੇਟ (13:0:45)** ਦੇ ਚਾਰ ਛਿੜਕਾਅ ਇੱਕ-ਇੱਕ ਹਫਤੇ ਦੇ ਵਕਫੇ ਤੇ ਕਰੋ ਅਤੇ ਪਹਿਲਾ ਛਿੜਕਾਅ ਫੁੱਲ ਆਉਣ ਤੇ ਕਰੋ। ਬੀ ਟੀ ਨਰਮੇ ਵਿੱਚ ਪੱਤਿਆਂ ਦੀ ਲਾਲੀ ਦੀ ਰੋਕਥਾਮ ਲਈ ਇੱਕ ਪ੍ਰਤੀਸ਼ਤ **ਮੈਗਨੀਸ਼ੀਅਮ ਸਲਫੇਟ** ਦੇ ਦੋ ਸਪਰੇਅ 15 ਦਿਨਾਂ ਦੇ ਵਕਫੇ ਤੇ ਫੁੱਲਡੋਡੀ ਪੈਣ ਅਤੇ ਟੀਂਡੇ ਬਣਨ ਵੇਲੇ ਕਰੋ।



**ਸਿੰਚਾਈ ਤੇ ਜਲ ਨਿਕਾਸ:** ਵਰਖਾ ਦੇ ਆਧਾਰ ਤੇ ਨਰਮੇਂ ਦੀ ਫਸਲ ਨੂੰ 4-6 ਪਾਣੀਆਂ ਦੀ ਲੋੜ ਹੈ। ਆਮ ਤੌਰ ਤੇ ਪਹਿਲਾ ਪਾਣੀ ਬਿਜਾਈ ਤੋਂ 4 ਤੋਂ 6 ਹਫਤੇ ਬਾਅਦ ਅਤੇ ਇਸ ਪਿੱਛੋਂ ਦੋ ਜਾਂ ਤਿੰਨ ਹਫਤਿਆਂ ਦੇ ਵਕਫੇ ਤੇ ਪਾਣੀ ਦਿਓ। ਟੀਂਡਿਆਂ ਨੂੰ ਛੇਤੀ ਖਿੜਾਉਣ ਲਈ ਨਰਮੇ ਨੂੰ ਆਖਰੀ ਪਾਣੀ ਸਤੰਬਰ ਦੇ ਅਖੀਰ ਵਿੱਚ ਦਿਓ।

**ਕੀੜਿਆਂ ਦੀ ਰੋਕਥਾਮ:** ਬੀ ਟੀ ਨਰਮਾ ਟੀਂਡੇ ਦੀਆਂ ਸੁੰਡੀਆਂ ਦਾ ਟਾਕਰਾ ਕਰਨ ਵਿੱਚ ਸਮਰੱਥ ਹੈ। ਪਰ ਇਸ ਉੱਪਰ ਰਸ ਚੂਸਣ ਵਾਲੇ ਕੀੜੇ ਜਿਵੇਂ ਕਿ ਚਿੱਟੀ ਮੱਖੀ, ਹਰਾ ਤੇਲਾ, ਮੀਲੀਬੱਗ ਅਤੇ ਭੂਰੀ ਜੂੰ ਫਸਲ ਨੂੰ ਨੁਕਸਾਨ ਪਹੁੰਚਾਉਂਦੇ ਹਨ।

**ਚਿੱਟੀ ਮੱਖੀ:** ਇਸ ਕੀੜੇ ਦੇ ਬੱਚੇ ਅਤੇ ਬਾਲਗ ਨਰਮੇ ਦੇ ਪੱਤਿਆਂ ਦੇ ਹੇਠਲੇ ਪਾਸਿਉਂ ਰਸ ਚੂਸਦੇ ਹਨ ਅਤੇ ਪੱਤਿਆਂ ਉੱਪਰ ਸ਼ਹਿਦ ਦੀਆਂ ਬੂੰਦਾਂ ਵਰਗਾ ਮਲ ਤਿਆਗਦੇ ਹਨ, ਜਿਸ ਉੱਪਰ ਬਾਅਦ ਵਿੱਚ ਕਾਲੀ ਉੱਲੀ ਜੰਮ ਜਾਂਦੀ ਹੈ। ਅਜਿਹੇ ਬੂਟੇ ਲੋੜੀਂਦਾ ਭੋਜਨ ਤਿਆਰ ਕਰਨ ਵਿੱਚ ਅਸਮਰੱਥ ਹੋ ਜਾਂਦੇ ਹਨ ਅਤੇ ਝਾੜ ਘੱਟ ਜਾਂਦਾ ਹੈ। ਚਿੱਟੀ ਮੱਖੀ ਨਰਮੇ ਵਿੱਚ ਪੱਤਾ ਮਰੋੜ ਬਿਮਾਰੀ ਵੀ ਫੈਲਾਉਂਦੀ ਹੈ।


ਅੰਡਾ


ਬੱਚਾ


ਬਾਲਗ


ਨੁਕਸਾਨ

ਚਿੱਟੀ ਮੱਖੀ ਦੀ ਅਸਰਦਾਰ ਰੋਕਥਾਮ ਲਈ ਹੇਠ ਲਿਖੇ ਜ਼ਰੂਰੀ ਨੁਕਤੇ ਅਪਨਾਉਣੇ ਚਾਹੀਦੇ ਹਨ:

**ਗੈਰ ਰਸਾਇਣਕ ਰੋਕਥਾਮ**

- ਚਿੱਟੀ ਮੱਖੀ ਦੇ ਫੈਲਾਅ ਨੂੰ ਰੋਕਣ ਲਈ ਬਿਜਾਈ ਤੋਂ ਪਹਿਲਾਂ ਖਾਲੀ ਥਾਂਵਾਂ, ਸੜਕਾਂ ਦੇ ਕਿਨਾਰਿਆਂ ਅਤੇ ਖਾਲਿਆਂ ਦੀਆਂ ਵੱਟਾਂ ਅਤੇ ਬੇਕਾਰ ਪਈਆਂ ਥਾਵਾਂ ਵਿੱਚੋਂ ਚਿੱਟੀ ਮੱਖੀ ਅਤੇ ਲੀਫ ਕਰਲ (ਪੱਤਾ ਮਰੋੜ) ਬਿਮਾਰੀ ਦੇ ਬਦਲਵੇਂ ਨਦੀਨ ਜਿਵੇਂ ਕਿ ਕੰਘੀ ਬੂਟੀ, ਪੀਲੀ ਬੂਟੀ, ਪੁੱਠਕੰਡਾ, ਧਤੂਰਾ, ਭੰਗ, ਆਦਿ ਨੂੰ ਨਸ਼ਟ ਕਰੋ।
- ਨਰਮੇ ਤੋਂ ਇਲਾਵਾ ਚਿੱਟੀ ਮੱਖੀ ਦਾ ਹਮਲਾ ਹੋਰ ਫਸਲਾਂ ਜਿਵੇਂ ਕਿ ਬੈਂਗਣ, ਖੀਰਾ, ਚੱਪਣ ਕੱਦੂ, ਤਰ, ਆਲੂ, ਟਮਾਟਰ, ਮਿਰਚਾਂ, ਮੂੰਗੀ, ਆਦਿ ਤੇ ਵੀ ਪਾਇਆ ਜਾਂਦਾ ਹੈ। ਫਰਵਰੀ ਮਹੀਨੇ ਤੋਂ ਇਨ੍ਹਾਂ ਫਸਲਾਂ ਦਾ ਲਗਾਤਾਰ ਸਰਵੇਖਣ ਕਰੋ ਅਤੇ ਲੋੜ ਮੁਤਾਬਿਕ ਇਸ ਦੀ ਰੋਕਥਾਮ ਕਰੋ।
- ਸਿਫਾਰਸ਼ ਕੀਤੀਆਂ ਕਿਸਮਾਂ ਹੀ ਬੀਜੋ ਅਤੇ ਬੀਜ ਹਮੇਸ਼ਾ ਭਰੋਸੇਯੋਗ ਵਸੀਲਿਆਂ ਤੋਂ ਹੀ ਖਰੀਦੋ ਤੇ ਨਾਲ ਰਸੀਦ ਜ਼ਰੂਰ ਲਵੋ।
- ਚਿੱਟੀ ਮੱਖੀ ਅਤੇ ਪੱਤਾ ਮਰੋੜ (ਲੀਫ ਕਰਲ) ਬਿਮਾਰੀ ਦੇ ਜ਼ਿਆਦਾ ਹਮਲੇ ਵਾਲੇ ਇਲਾਕਿਆਂ ਵਿੱਚ ਦੇਸੀ ਕਪਾਹ ਦੀ ਬਿਜਾਈ ਨੂੰ ਤਰਜੀਹ ਦਿਓ।
- ਨਰਮੇ ਕਪਾਹ ਦੀ **ਬਿਜਾਈ ਹਰ ਹਾਲਤ ਵਿੱਚ 15 ਮਈ** ਤੱਕ ਕਰ ਦਿਓ।
- ਨਾਈਟ੍ਰੋਜਨ ਖਾਦ ਸਿਫਾਰਸ਼ ਕੀਤੀ ਮਾਤਰਾ ਤੋਂ ਵੱਧ ਨਾ ਪਾਓ ਕਿਉਂਕਿ ਜ਼ਿਆਦਾ ਖਾਦ ਪਾਉਣ ਨਾਲ ਰਸ ਚੂਸਣ ਵਾਲੇ ਕੀੜਿਆਂ ਵਿੱਚ ਵਾਧਾ ਹੁੰਦਾ ਹੈ।
- ਨਰਮੇ ਉੱਪਰ ਚਿੱਟੀ ਮੱਖੀ ਦਾ ਅ੍ਰਪੈਲ ਮਹੀਨੇ ਤੋਂ ਲਗਾਤਾਰ ਸਰਵੇਖਣ ਕਰਦੇ ਰਹੋ।
- **ਘੱਟ ਲਾਗਤ ਵਾਲੇ 40 ਪੀਲੇ ਕਾਰਡ ਪ੍ਰਤੀ ਏਕੜ** ਦੇ ਹਿਸਾਬ ਨਾਲ ਖੇਤਾਂ ਵਿੱਚ ਲਗਾਓ ਜੋ ਕਿ ਸ਼ੁਰੂਆਤੀ ਅਵਸਥਾ ਵਿੱਚ ਚਿੱਟੀ ਮੱਖੀ ਦੇ ਵਾਧੇ ਨੂੰ ਰੋਕਣ ਵਿੱਚ ਸਹਾਇਕ ਹਨ।

- ਚਿੱਟੀ ਮੱਖੀ ਦੇ ਹਮਲੇ ਹੋਣ ਤੇ ਸ਼ੁਰੂਆਤੀ ਅਵਸਥਾ ਵਿੱਚ ਪੀ ਏ ਯੂ ਨਿੰਮ ਦਾ ਘੋਲ 1200 ਮਿਲੀਲਿਟਰ ਏਕੜ ਜਾਂ ਇੱਕ ਤੋਂ ਦੋ ਸਪਰੇਅ ਨਿੰਬੀਸੀਡੀਨ ਜਾਂ ਅਚੂਕ ਇੱਕ ਲਿਟਰ ਪ੍ਰਤੀ ਏਕੜ ਦੇ ਹਿਸਾਬ ਨਾਲ ਛਿੜਕਾਅ ਕਰੋ ਕਿਉਂ ਕਿ ਇਹ ਮਿੱਤਰ ਕੀੜਿਆਂ ਲਈ ਸੁਰੱਖਿਅਤ ਹਨ।

**ਰਸਾਇਣਕ ਰੋਕਥਾਮ**

- ਚਿੱਟੀ ਮੱਖੀ ਦੀ ਰੋਕਥਾਮ ਲਈ ਛਿੜਕਾਅ ਉਸ ਸਮੇਂ ਸ਼ੁਰੂ ਕਰੋ ਜਦੋਂ ਬੂਟੇ ਦੇ ਉੱਪਰਲੇ ਹਿੱਸੇ ਵਿੱਚ ਸਵੇਰ ਨੂੰ 10 ਵਜੇ ਤੋਂ ਪਹਿਲਾਂ ਇਸਦੇ ਬਾਲਗਾਂ ਦੀ ਗਿਣਤੀ ਪ੍ਰਤੀ ਪੱਤੇ ਤੇ 6 ਹੋ ਜਾਵੇ।
- ਚਿੱਟੀ ਮੱਖੀ ਦੇ ਬਾਲਗਾਂ ਦੀ ਰੋਕਥਾਮ ਲਈ ਲਈ 80 ਗ੍ਰਾਮ ਉਲਾਲਾ 50 ਡਬਲਯੂ ਜੀ (ਫਲੋਨਿਕਾਮਿਡ) ਜਾਂ 200 ਗ੍ਰਾਮ ਪੋਲੋ/ਰੂਬੀ/ਕਰੇਜ਼/ਲੂਡੋ/ਸ਼ੋਕੂ 50 ਡਬਲਯੂ ਪੀ (ਡਾਇਆ-ਫੈਨਥੀਯੂਰੋਨ) ਜਾਂ 60 ਗ੍ਰਾਮ ਓਸ਼ੀਨ 20 ਐਸ ਜੀ (ਡਾਇਨੋਟੈਫੂਰਾਨ) ਜਾਂ 20 ਗ੍ਰਾਮ ਡੈਂਟਟੋਟਸੂ 50 ਡਬਲਯੂ ਜੀ (ਕਲੋਥੀਅਨਡਿਨ) ਜਾਂ 800 ਮਿਲੀਲਿਟਰ ਫੋਸਮਾਈਟ/ਈ-ਮਾਈਟ/ਵਾਲਥੀਆਨ/ ਗੋਲਡ ਮਿਟ 50 ਈ ਸੀ (ਈਥੀਆਨ) ਦਾ ਛਿੜਕਾਅ ਕਰੋ।
- ਚਿੱਟੀ ਮੱਖੀ ਦੇ **ਬੱਚਿਆਂ (ਨਿੰਫ) ਦੀ ਰੋਕਥਾਮ ਲਈ 500 ਮਿਲੀਲਿਟਰ ਲੈਨੋ 10 ਈ ਸੀ (ਪਾਈਰੀਪਰੋਕਸੀਫਿਨ)** ਜਾਂ 200 ਮਿਲੀਲਿਟਰ ਓਬਰੇਨ/ਵੋਲਟੇਜ਼ 22.9 ਐਸ ਸੀ (ਸਪੈਰੋਮੈਸੀਫਿਨ) ਜਾਂ 400 ਮਿਲੀਲਿਟਰ ਅਪਲੋਡ 25 ਐਸ ਸੀ (ਬੂਪਰੋਫੈਜ਼ਿਨ) ਦਾ ਛਿੜਕਾਅ ਕਰੋ।
- ਚਿੱਟੀ ਮੱਖੀ ਦੀ ਰੋਕਥਾਮ ਲਈ ਸਿਫਾਰਸ਼ ਕੀਤੇ ਗਏ ਕੀਟਨਾਸ਼ਕਾਂ ਦਾ ਛਿੜਕਾਅ 125-150 ਲਿਟਰ ਪਾਣੀ ਪ੍ਰਤੀ ਏਕੜ ਵਿੱਚ ਮਿਲਾ ਕੇ ਨੈਪਸੈਕ ਪੰਪ ਨਾਲ ਕਰੋ।
- ਸਿਫ਼ਾਰਸ਼ ਕੀਤੀਆਂ ਕੀੜੇਮਾਰ ਜ਼ਹਿਰਾਂ ਸਹੀ ਸਮੇਂ ਤੇ ਸਹੀ ਮਾਤਰਾ ਵਿੱਚ ਹੀ ਵਰਤੋ।
- ਚਿੱਟੀ ਮੱਖੀ ਦੀ ਪ੍ਰਭਾਵਸ਼ਾਲੀ ਰੋਕਥਾਮ ਲਈ ਫਿਕਸ ਟਾਈਪ ਹੋਲੋ ਕੋਨ ਨੋਜ਼ਲ ਦੀ ਵਰਤੋ ਕਰੋ ਅਤੇ ਇਸ ਦੀ ਅਸਰਦਾਰ ਰੋਕਥਾਮ ਲਈ **ਬੂਟੇ ਦੇ ਉੱਪਰ ਤੋਂ ਹੇਠਾਂ ਤੱਕ ਸਾਰੇ ਪੱਤਿਆਂ ਤੇ ਛਿੜਕਾਅ** ਪਹੁੰਚਣਾ ਬਹੁਤ ਜਰੂਰੀ ਹੈ।
- ਜੇਕਰ ਪਿੰਡ ਪੱਧਰ ਤੇ ਇੱਕੋ ਸਮੇਂ ਕੀਟਨਾਸ਼ਕ ਦਾ ਛਿੜਕਾਅ ਕੀਤਾ ਜਾਵੇ ਤਾਂ ਚਿੱਟੀ ਮੱਖੀ ਦੀ ਰੋਕਥਾਮ ਜਿਆਦਾ ਅਸਰਦਾਰ ਸਾਬਤ ਹੋ ਸਕਦੀ ਹੈ।
- ਚਿੱਟੀ ਮੱਖੀ ਦੇ ਵਾਧੇ ਨੂੰ ਰੋਕਣ ਲਈ ਸਿੰਥੈਟਿਕ ਪਰਿਥਰਾਇਡ ਕੀਟਨਾਸ਼ਕਾਂ ਦੀ ਵਰਤੋ ਨਾ ਕਰੋ।
- ਕੀਟਨਾਸ਼ਕਾਂ ਦੇ ਮਿਸ਼ਰਣ (ਆਪ ਬਣਾਕੇ ਜਾਂ ਬਣੇ ਬਣਾਏ) ਬਿਲਕੁਲ ਨਾ ਵਰਤੋ।
- ਇੱਕੋ ਗਰੁੱਪ ਦੀਆਂ ਜ਼ਹਿਰਾਂ ਦਾ ਲਗਾਤਾਰ ਛਿੜਕਾਅ ਨਾ ਕਰੋ। ਰਸਾਇਣਕ ਗਰੁੱਪ ਦੀ ਅਦਲ-ਬਦਲ ਕੇ ਵਰਤੋਂ ਕਰੋ ਤਾਂ ਜੋ ਕੀੜਿਆਂ ਵਿੱਚ ਜ਼ਹਿਰਾਂ ਪ੍ਰਤੀ ਸਹਿਣਸ਼ਕਤੀ ਪੈਦਾ ਨਾ ਹੋ ਸਕੇ।
- ਛਿੜਕਾਅ ਕਰਨ ਤੋਂ ਬਾਅਦ ਜੇਕਰ 24 ਘੰਟਿਆਂ ਦੇ ਅੰਦਰ-ਅੰਦਰ ਮੀਂਹ ਪੈ ਜਾਵੇ ਤਾਂ ਛਿੜਕਾਅ ਦੁਬਾਰਾ ਕਰੋ।
- ਛਿੜਕਾਅ ਹਮੇਸ਼ਾ ਦੁਪਿਹਰ 12 ਵਜੇ ਤੋਂ ਪਹਿਲਾਂ ਜਾਂ ਸ਼ਾਮ ਵੇਲੇ ਕਰੋ।



## ਚਿੱਟੀ ਮੱਖੀ ਦੀ ਰੋਕਥਾਮ ਲਈ ਸਿਫਾਰਸ਼ ਕੀਟਨਾਸ਼ਕ

| ਮਾਰਕਾ (ਕੀਟਨਾਸ਼ਕ) | ਮਾਤਰਾ ਪ੍ਰਤੀ ਏਕੜ |
|---|---|
| ਪੀ ਏ ਯੂ ਨਿੰਮ ਦਾ ਘੋਲ | 1200 ਮਿਲੀਲਿਟਰ |
| ਨਿੰਬੀਸੀਡੀਨ ਜਾਂ ਅਚੂਕ (ਨਿੰਮ ਅਧਾਰਿਤ) | ਇੱਕ ਲਿਟਰ |
| ਉਲਾਲਾ 50 ਡਬਲਯੂ ਜੀ (ਫਲੋਨਿਕਾਮਿਡ) | 80 ਗ੍ਰਾਮ |
| ਪੋਲੋ/ਰੂਬੀ/ਕਰੇਜ਼/ਲੂਡੋ/ਸ਼ੋਕੂ 50 ਡਬਲਯੂ ਪੀ (ਡਾਇਆਫੈਨਥੀਯੂਰੋਨ) | 200 ਗ੍ਰਾਮ |
| ਓਸ਼ੀਨ 20 ਐਸ ਜੀ (ਡਾਇਨੋਟੈਫੂਰਾਨ) | 60 ਗ੍ਰਾਮ |
| *ਲੈਨੋ 10 ਈ ਸੀ (ਪਾਈਰੀਪਰੋਕਸੀਫਿਨ) | 500 ਮਿਲੀਲਿਟਰ |
| *ਓਬਰੇਨ/ਵੋਲਟੇਜ਼ 22.9 ਐਸ ਸੀ (ਸਪੈਰੋਮੈਸੀਫਿਨ) | 200 ਮਿਲੀਲਿਟਰ |
| *ਅਪਲੋਡ 25 ਐਸ ਸੀ (ਬੂਪਰੋਫੈਜ਼ਿਨ) | 400 ਮਿਲੀਲਿਟਰ |
| ਡੈਂਟਟੋਟਸੂ 50 ਡਬਲਯੂ ਜੀ (ਕਲੋਥੀਐਨੀਡਿਨ) | 20 ਗ੍ਰਾਮ |
| ਫੋਸਮਾਈਟ/ਈ-ਮਾਈਟ/ਗੋਲਡ ਮਿਟ 50 ਈ ਸੀ (ਈਥੀਆਨ) | 800 ਮਿਲੀਲਿਟਰ |

*ਇਹ ਕੀਟਨਾਸ਼ਕ ਚਿੱਟੀ ਮੱਖੀ ਦੇ ਬੱਚਿਆਂ ਲਈ ਜ਼ਿਆਦਾ ਅਸਰਦਾਰ ਹਨ।

**ਹਰਾ ਤੇਲਾ:** ਜਦੋਂ ਵੀ ਨਰਮੇ ਦੇ **50 ਪ੍ਰਤੀਸ਼ਤ ਬੂਟਿਆਂ ਵਿੱਚ ਪੂਰੇ ਬਣ ਚੁੱਕੇ ਪੱਤੇ ਕਿਨਾਰਿਆਂ ਤੋਂ ਪੀਲੇ ਅਤੇ ਹੇਠਾਂ ਮੁੜੇ ਨਜ਼ਰ ਆਉਣ** ਤਾਂ ਤੇਲੇ ਦੀ ਰੋਕਥਾਮ ਲਈ 300 ਮਿਲੀਲਿਟਰ ਕੀਫਨ 15 ਈ ਸੀ (ਟੋਲਫੈਨਪਾਇਰੈਡ) ਜਾਂ 80 ਗ੍ਰਾਮ ਉਲਾਲਾ 50 ਡਬਲਯੂ ਜੀ (ਫਲੋਨੀਕਾਮੀਡ) ਜਾਂ 60 ਗ੍ਰਾਮ ਓਸ਼ੀਨ 20 ਐਸ ਜੀ (ਡਾਇਨੋਟੈਫੂਰਾਨ) ਜਾਂ 40 ਗ੍ਰਾਮ ਐਕਟਾਰਾ/ਐਕਸਟਰਾ ਸੁਪਰ/ਦੋਤਾਰਾ/ਥੋਮਸਨ 25 ਡਬਲਯੂ ਜੀ (ਥਾਇਓਮੀਥਾਕਸਮ) ਜਾਂ 40 ਮਿਲੀਲਿਟਰ ਕੋਨਫੀਡੋਰ 200 ਐਸ ਐਲ (ਇਮੀਡਾਕਲੋਪਰਿਡ) ਜਾਂ 40 ਮਿਲੀਲਿਟਰ ਕੋਨਫੀਡੈਂਸ/ਇਮੀਡਾਸੈਲ/ਮਾਰਕਡੋਰ/ਇਸੋਗਾਡੀ 17.8 ਐਸ ਐਲ (ਇਮੀਡਾਕਲੋਪਰਿਡ) ਦਾ ਛਿੜਕਾਅ ਕਰੋ।


ਅੰਡਾ


ਬੱਚਾ


ਬਾਲਗ


ਨੁਕਸਾਨ

**ਭੂਰੀ ਜੂੰ (ਥਰਿਪਸ):** ਇਸ ਦੀ ਰੋਕਥਾਮ ਲਈ ਪਹਿਲੇ 30 ਦਿਨ ਤੱਕ ਕਿਸੇ ਵੀ ਕੀਟਨਾਸ਼ਕ ਦਾ ਛਿੜਕਾਅ ਨਾ ਕਰੋ। ਜੇਕਰ ਥਰਿਪਸ ਦਾ ਹਮਲਾ ਨਜ਼ਰ ਆਵੇ ਤਾਂ ਤੁਰੰਤ ਖੇਤ ਨੂੰ ਪਾਣੀ ਲਾ ਦਿਓ। ਇਸ ਦੀ ਰੋਕਥਾਮ ਲਈ 170 ਗ੍ਰਾਮ ਡੈਲੀਗੇਟ 11.7 ਐਸ ਸੀ (ਸਪਾਈਨਟੋਰਮ) ਜਾਂ 500 ਮਿਲੀਲਿਟਰ ਕਿਊਰਾਕਰਾਨ 50 ਈ ਸੀ (ਪ੍ਰੋਫੈਨੋਫਾਸ) ਜਾਂ 200 ਗ੍ਰਾਮ ਪੋਲੋ 50 ਡਬਲਯੂ ਜੀ (ਡਾਇਆਫੈਨਥੀਯੂਰੋਨ) ਦਾ ਛਿੜਕਾਅ ਕਰੋ।

**ਟੀਂਡੇ ਦੀਆਂ ਸੁੰਡੀਆਂ:** ਗੈਰ ਬੀ ਟੀ ਨਰਮੇ ਅਤੇ ਦੇਸੀ ਕਪਾਹ ਤੇ ਟੀਂਡੇ ਦੀਆਂ ਸੁੰਡੀਆਂ ਜਿਵੇਂ ਕਿ ਚਿਤਕਬਰੀ ਸੁੰਡੀ, ਗੁਲਾਬੀ ਸੁੰਡੀ ਅਤੇ ਅਮਰੀਕਣ ਸੁੰਡੀ ਦਾ ਫੁੱਲ ਡੋਡੀ ਪੈਣ ਸਮੇਂ ਲਗਾਤਾਰ ਸਰਵੇਖਣ ਕਰੋ। ਤਾਜ਼ਾ ਕਿਰੀਆਂ ਫੁੱਲ ਡੋਡੀਆਂ ਇੱਕਠੇ ਕਰਕੇ ਉਨ੍ਹਾਂ ਦਾ ਨਿਰੀਖਣ ਕਰੋ। ਜੇਕਰ ਸੁੰਡੀ ਦਾ ਹਮਲਾ 5 ਪ੍ਰਤੀਸ਼ਤ ਤੋਂ ਵੱਧ ਹੋਵੇ ਤਾਂ ਤੁਰੰਤ ਦੱਸੇ ਗਏ ਕੀਟਨਾਸ਼ਕਾਂ ਦਾ ਛਿੜਕਾਅ ਕਰੋ।

ਦੇਸੀ ਕਪਾਹ ਤੇ ਟੀਂਡਿਆਂ ਦੀਆਂ ਸੁੰਡੀਆਂ ਦੀ ਰੋਕਥਾਮ ਲਈ ਪਹਿਲਾ ਛਿੜਕਾਅ ਉਦੋਂ ਕਰੋ ਜਦੋਂ 25 ਪ੍ਰਤੀਸ਼ਤ ਪੌਦੇ ਫੁੱਲ-ਡੋਡੀ ਤੇ ਆਉਣੇ ਸ਼ੁਰੂ ਹੋ ਜਾਣ ਅਤੇ ਉਸ ਤੋਂ ਬਾਅਦ ਹਰ 10 ਦਿਨ ਦੇ ਵਕਫੇ ਤੇ ਆਖਰੀ ਚੁਗਾਈ ਤੋਂ 2 ਹਫਤੇ ਪਹਿਲਾਂ ਤੱਕ ਛਿੜਕਾਅ ਕਰਦੇ ਰਹੋ। ਟੀਂਡੇ ਦੀਆਂ ਚਿਤਕਬਰੀ ਅਤੇ ਛੋਟੀ ਅਮਰੀਕਨ ਸੁੰਡੀਆਂ ਦੀ ਰੋਕਥਾਮ ਲਈ 500 ਮਿਲੀਲਿਟਰ ਕਿਉਰਾਕਰੋਨ/ਕਰੀਨਾ/ਪ੍ਰੋਫੈਕਸ/ ਸਿਲਕਰਾਨ 50 ਈ ਸੀ (ਪ੍ਰੋਫੈਨੋਫਾਸ) ਜਾਂ 800 ਮਿਲੀਲਿਟਰ ਫਾਸਮਾਈਟ/ਵੋਲਥਿਆਨ 50 ਈ ਸੀ (ਈਥੀਆਨ) ਜਾਂ 40 ਮਿਲੀਲਿਟਰ ਫੇਮ 480 ਐਸ ਸੀ (ਫਲੂਬੈਂਡੀਆਮਾਈਡ) ਜਾਂ 250 ਗ੍ਰਾਮ ਲਾਰਵਿਨ 75 ਡਬਲਯੂ ਪੀ (ਥਾਇਓਡੀਕਾਰਬ) ਅਤੇ ਵੱਡੀ ਅਮਰੀਕਨ ਸੁੰਡੀ ਦੀ ਰੋਕਥਾਮ ਲਈ 2 ਲਿਟਰ ਕੋਰੋਬਾਨ/ਡਰਸਬਾਨ/ਦੁਰਮੱਟ/ ਕਲੋਰਗਾਰਡ/ਰਡਾਰ/ ਮਾਰਕਪਾਈਰੀਫਾਸ/ ਲੀਥਲ/ਫੋਰਸ 20 ਈ ਸੀ (ਕਲੋਰਪਾਈਰੀਫਾਸ) ਜਾਂ 200 ਮਿਲੀਲਿਟਰ ਅਵਾਂਟ 15 ਈ ਸੀ (ਇੰਡੋਕਸਾਕਾਰਬ) ਜਾਂ 60 ਮਿਲੀਲਿਟਰ ਟਰੇਸਰ 48 ਐਸ ਸੀ (ਸਪਾਈਨੋਸੈਡ) ਜਾਂ 60 ਮਿਲੀਲਿਟਰ ਕੋਰਾਜ਼ਨ 18.5 ਐਸ ਐਲ (ਕਲੋਰਨਟਰਾਨਿਲੀਪਰੋਲ) ਦਾ ਛਿੜਕਾਅ ਕਰੋ।

**ਗੁਲਾਬੀ ਸੁੰਡੀ ਦੀ ਸਰਵਪੱਖੀ ਰੋਕਥਾਮ:** ਬੀ ਟੀ ਨਰਮੇ ਦੇ ਆਲੇ-ਦੁਆਲੇ ਬੀ ਟੀ ਰਹਿਤ ਨਰਮਾ ਜ਼ਰੂਰ ਬੀਜੋ। ਗੁਲਾਬੀ ਸੁੰਡੀ ਦੇ ਹਮਲੇ ਨੂੰ ਅਗਲੇ ਸਾਲ ਠੱਲ੍ਹ ਪਾਉਣ ਲਈ ਜਿੱਥੇ ਤੱਕ ਹੋ ਸਕੇ ਫ਼ਸਲ ਦੀ ਚੁਗਾਈ ਜਲਦੀ ਕਰ ਲਓ। ਇਸ ਤਰ੍ਹਾਂ ਕਰਨ ਲਈ ਅਖੀਰਲਾ ਪਾਣੀ ਸਤੰਬਰ ਦੇ ਅੰਤ ਵਿੱਚ ਲਾ ਦਿਓ। ਆਖਰੀ ਚੁਣਾਈ ਤੋਂ ਬਾਅਦ ਪਸ਼ੂਆਂ ਨੂੰ ਫ਼ਸਲ ਦਾ ਬੱਚ-ਖੁਚ, ਪੱਤੇ ਅਤੇ ਅਣਖਿੜੇ ਟੀਂਡੇ ਖਾਣ ਲਈ ਕਪਾਹ ਦੇ ਖੇਤਾਂ ਵਿੱਚ ਛੱਡ ਦਿਓ। ਨਰਮੇ ਦੀਆਂ ਛਿਟੀਆਂ ਦੇ ਢੇਰ ਖੇਤ ਵਿੱਚ ਨਾ ਲਗਾਓ, ਸਗੋਂ ਪਿੰਡ ਵਿੱਚ ਲਗਾਓ। ਛਿਟੀਆਂ ਦੀਆਂ ਭਰੀਆਂ ਦੇ ਢੇਰ ਖੜ੍ਹਵੇਂ ਰੁੱਖ ਦਰਖੱਤ ਆਦਿ ਦੀ ਛਾਂ ਤੋਂ ਪਰੇ ਲਾਓ। ਛਿਟੀਆਂ ਦੇ ਢੇਰ ਲਾਉਣ ਤੋਂ ਪਹਿਲਾਂ ਕੱਟੀਆਂ ਹੋਈਆਂ ਛਿਟੀਆਂ ਨੂੰ ਜ਼ਮੀਨ ਤੇ ਮਾਰ ਮਾਰ ਕੇ ਅਣਖਿੜੇ ਟੀਂਡੇ ਅਤੇ ਸਿੱਕਰੀਆਂ ਨੂੰ ਝਾੜ ਦਿਓ ਜਾਂ ਤੋੜ ਲਓ। ਮਾਰਚ ਦੇ ਅਖੀਰ ਤੱਕ ਨਰਮੇ ਨੂੰ ਵੇਲ ਲੈਣਾ ਚਾਹੀਦਾ ਹੈ ਅਤੇ ਵੇਲਾਈ ਦੀ ਸਾਰੀ ਬੱਚ-ਖੁਚ ਨਸ਼ਟ ਕਰ ਦਿਓ। ਹਮਲੇ ਵਾਲੇ ਖੇਤਾਂ ਦੀਆਂ ਛਿਟੀਆਂ ਨੂੰ ਨਵੀਂ ਜਗ੍ਹਾ ਤੇ ਨਾ ਲਿਜਾਓ।

ਇਸ ਦੇ ਸਰਵੇਖਣ ਲਈ ਇੱਕ ਸਟਿਕਾ/ਡੈਲਟਾ ਟਰੈਪ ਪ੍ਰਤੀ ਹੈਕਟੇਅਰ ਦੇ ਹਿਸਾਬ ਨਾਲ ਨਰਮੇ ਦੇ ਖੇਤਾਂ ਅਤੇ ਰੂੰ ਮਿੱਲ੍ਹਾਂ ਦੇ ਆਲੇ ਦੁਆਲੇ ਲਗਾਓ। ਸਟਿਕਾ ਟਰੈਪ ਫ਼ਸਲ ਤੋਂ 15 ਸੈਂਟੀਮੀਟਰ ਉੱਚਾ ਰੱਖੋ। ਲਿਓਰ ਨੂੰ 15 ਦਿਨਾਂ ਬਾਅਦ ਬਦਲੋ ਅਤੇ ਇੱਕ ਟਰੈਪ ਪ੍ਰਤੀ ਹੈਕਟੇਅਰ ਵਰਤੋ। ਜਦੋਂ ਨਰਮੇ ਨੂੰ ਫੁੱਲ ਡੋਡੀ ਲੱਗਣੀ ਸ਼ੁਰੂ ਹੋ ਜਾਵੇ ਤਾਂ ਹਫਤੇ ਦੇ ਵਕਫੇ ਤੇ ਭੰਬੀਰੀ ਬਣੇ ਫੁੱਲਾਂ ਦਾ ਸਰਵੇਖਣ ਕਰੋ। ਜਦੋਂ ਫ਼ਸਲ 80 ਦਿਨ ਦੀ ਹੋ ਜਾਵੇ ਤਾਂ ਨਰਮੇ ਦੇ ਕੱਚੇ ਟੀਂਡਿਆਂ ਨੂੰ ਤੋੜ ਕੇ ਗੁਲਾਬੀ ਸੁੰਡੀ ਦੇ ਹਮਲੇ ਵਾਸਤੇ 15 ਦਿਨਾਂ ਬਾਅਦ ਨਿਰੀਖਣ ਕਰਦੇ ਰਹੋ।

**ਸਪਰੇਅ ਤਕਨੌਲੋਜੀ:** ਨਰਮੇ ਦੇ ਕੀੜਿਆਂ ਦੀ ਰੋਕਥਾਮ ਲਈ ਸਿਫਾਰਸ਼ ਕੀਤੀਆਂ ਗਈਆਂ ਕੀੜੇਮਾਰ ਜ਼ਹਿਰਾਂ ਦਾ ਛਿੜਕਾਅ 125-150 ਲਿਟਰ ਪਾਣੀ ਵਿੱਚ ਮਿਲਾਕੇ ਨੈਪਸੈਕ ਪੰਪ ਨਾਲ ਕਰੋ ਜਾਂ 12-15 ਲਿਟਰ ਪਾਣੀ ਵਿੱਚ ਮਿਲਾ ਕੇ ਹਵਾ ਦੇ ਸਹਿਯੋਗ ਨਾਲ ਚੱਲਣ ਵਾਲਾ ਬੈਕਪੈਕ ਇਲੈਕਟ੍ਰੋਸਟੈਟਿਕ ਸਪਰੇਅਰ ਨਾਲ ਕਰੋ ਜਾਂ 300-400 ਲਿਟਰ ਪਾਣੀ ਵਿੱਚ ਘੋਲ ਕੇ ਸਵੈ ਘੁੰਮਾਅ ਗੰਨ ਸਪਰੇਅਰ ਜਾਂ 250-400 ਲਿਟਰ ਪਾਣੀ ਵਿੱਚ ਮਿਲਾ ਕੇ ਟਰੈਕਟਰ ਨਾਲ ਚੱਲਣ ਵਾਲਾ ਪੀ ਏ ਯੂ ਬਹੁਮੰਤਵੀ ਹਾਈ ਕਲੀਅਰੈਂਸ ਸਪਰੇਅਰ ਨਾਲ ਕਰੋ। ਪਾਣੀ ਦੀ ਮਾਤਰਾ ਪੰਪ ਦੀ ਕਿਸਮ ਅਤੇ ਉਸ



ਆਟੋ ਰੋਟੇਟ ਗੰਨ ਸਪੇਰਅਰ



ਵਿੱਚ ਵਰਤੀਆਂ ਨੋਜ਼ਲਾਂ ਅਨੁਸਾਰ ਘੱਟ ਵੱਧ ਹੋ ਸਕਦੀ ਹੈ ਪਰ ਕੀਟਨਾਸ਼ਕ ਦੀ ਮਾਤਰਾ ਸਿਫਾਰਸ਼ ਕੀਤੀ ਮਿਕਦਾਰ ਤੋਂ ਨਹੀਂ ਘਟਣੀ ਚਾਹੀਦੀ। ਟਰੈਕਟਰ ਵਾਲੇ ਪੰਪ ਨਾਲ ਹਾਲੋ ਕੋਨ ਵਾਲੀਆਂ ਨੋਜ਼ਲਾਂ ਲੱਗੀਆਂ ਹੋਣੀਆਂ ਚਾਹੀਦੀਆਂ ਹਨ। ਹਰ ਇੱਕ ਨੋਜ਼ਲ ਵਿੱਚੋਂ ਇੱਕ ਮਿੰਟ ਵਿੱਚ 500-600 ਮਿਲੀਲਿਟਰ ਛਿੜਕਾਅ ਦਾ ਪਾਣੀ ਨਿਕਲੇ। ਰਸ ਚੂਸਣ ਵਾਲੇ ਕੀੜਿਆਂ ਤੇ ਛਿੜਕਾਅ ਸਮੇਂ ਟਰੈਕਟਰ ਦੀ ਰਫਤਾਰ 4 ਕਿਲੋਮੀਟਰ ਪ੍ਰਤੀ ਘੰਟਾ ਅਤੇ ਟੀਂਡੇ ਦੀਆਂ ਸੁੰਡੀਆਂ ਤੇ ਛਿੜਕਾਅ ਲਈ ਰਫਤਾਰ 2.5 ਕਿਲੋਮੀਟਰ ਪ੍ਰਤੀ ਘੰਟਾ ਹੋਣੀ ਚਾਹੀਦੀ ਹੈ। ਸਾਰੇ ਛਿੜਕਾਅ ਲਈ ਟਰੈਕਟਰ ਦੀਆਂ ਲੀਹਾਂ ਇੱਕੋ ਹੀ ਰੱਖੋ ਅਤੇ ਇਸ ਨੂੰ ਇੱਕ ਹੀ ਦਿਸ਼ਾ ਵਿੱਚ ਚਲਾਓ। ਛਿੜਕਾਅ ਵਾਲੀ ਨਾਲੀ ਨੂੰ ਫਸਲ ਤੋਂ 50 ਸੈ.ਮੀ. ਉੱਚਾ ਰੱਖੋ।



ਪੀ ਏ ਯੂ ਬਹੁਪੱਖੀ ਹਾਈ ਕਲੀਅਰੈਂਸ ਸਪਰੇਅਰ

## ਬਿਮਾਰੀਆਂ ਦੀ ਰੋਕਥਾਮ

**ਲੀਫ ਕਰਲ ਜਾਂ ਪੱਤਾ ਮਰੋੜ ਰੋਗ:** ਇਹ ਵਿਸ਼ਾਣੂੰ ਰੋਗ ਚਿੱਟੀ ਮੱਖੀ ਰਾਹੀਂ ਫੈਲਦਾ ਹੈ। ਮੁੱਖ ਤੌਰ ਤੇ ਰੋਗੀ ਬੂਟਿਆਂ ਦੇ ਪੱਤਿਆਂ ਦੀਆਂ ਨਾੜੀਆਂ ਮੋਟੀਆਂ ਹੋ ਜਾਂਦੀਆਂ ਹਨ। ਪੱਤੇ ਗੂੜੇ ਹਰੇ ਰੰਗ ਦੇ ਹੋ ਜਾਂਦੇ ਹਨ ਅਤੇ ਉੱਪਰ ਵੱਲ ਨੂੰ ਮੁੜ ਕੇ ਕੌਲੀਆਂ ਵਰਗੇ ਬਣ ਜਾਂਦੇ ਹਨ। ਪੱਤਿਆਂ ਦੇ ਹੇਠਲੇ ਪਾਸੇ ਛੋਟੀਆਂ-ਛੋਟੀਆਂ ਹਰੀਆਂ ਪੱਤੀਆਂ ਨਿਕਲ ਆਉਂਦੀਆਂ ਹਨ। ਬਿਮਾਰ ਬੂਟੇ ਦੇ ਪੱਤਿਆਂ ਦਾ ਆਕਾਰ ਛੋਟਾ ਹੁੰਦਾ ਹੈ ਅਤੇ ਬੂਟੇ ਵੀ ਛੋਟੇ ਰਹਿ ਜਾਂਦੇ ਹਨ। ਦੇਸੀ ਕਪਾਹ ਦੀ ਬਿਜਾਈ ਨੂੰ ਤਰਜ਼ੀਹ ਦਿਓ ਕਿਉਂ ਕਿ ਇਸ ਉੱਪਰ ਇਸ ਬਿਮਾਰੀ ਦਾ ਹਮਲਾ ਨਹੀਂ ਹੁੰਦਾ। ਨਵੇਂ ਜੰਮੇ ਬੂਟਿਆਂ ਨੂੰ ਚਿੱਟੀ ਮੱਖੀ ਤੋਂ ਬਚਾਉਣ ਲਈ ਸਿਫਾਰਿਸ਼ ਕੀਤੀਆਂ ਕੀਟਨਾਸ਼ਕ ਜ਼ਹਿਰਾਂ ਹੀ ਵਰਤੋਂ। ਰੋਗੀ ਬੂਟੇ ਸਮੇਂ-ਸਮੇਂ ਸਿਰ ਪੁੱਟ ਕੇ ਦਬਾ ਦਿਓ। ਖੇਤਾਂ ਅਤੇ ਆਲੇ-ਦੁਆਲਿਉਂ ਬਿਜਾਈ ਤੋਂ ਪਹਿਲਾਂ ਕੰਘੀ ਬੂਟੀ, ਪੀਲੀ ਬੂਟੀ ਅਤੇ ਗੁੱਤ ਪੁੱਟਣੇ ਨਦੀਨਾਂ ਨੂੰ ਪੁੱਟ ਕੇ ਨਸ਼ਟ ਕਰ ਦਿਓ, ਕਿਉਂਕਿ ਇਹ ਵਿਸ਼ਾਣੂੰ ਰੋਗ ਇਨ੍ਹਾਂ ਬੂਟਿਆਂ ਤੇ ਪਲਦਾ ਰਹਿੰਦਾ ਹੈ।



ਲੀਫ ਕਰਲ

ਕੰਘੀ ਬੂਟੀ

ਪੀਲੀ ਬੂਟੀ

**ਬੈਕਟੀਰੀਅਲ ਬਲਾਈਟ:** ਇਹ ਬਿਮਾਰੀ ਵਰਖਾ ਰੁੱਤ ਵਿੱਚ ਪਹਿਲੀ ਬਾਰਿਸ਼ ਤੋਂ ਬਾਅਦ ਸ਼ੁਰੂ ਹੁੰਦੀ ਹੈ ਅਤੇ ਇਸ ਨਾਲ ਪੱਤਿਆ ਤੇ ਛੋਟੇ- ਛੋਟੇ ਪਾਣੀ ਭਿੱਜੇ ਨੋਕਦਾਰ ਧੱਬੇ ਪੈ ਜਾਂਦੇ ਹਨ, ਜੋ ਬਾਅਦ ਵਿੱਚ ਭੂਰੇ ਰੰਗ ਦੇ ਹੋ ਜਾਂਦੇ ਹਨ। ਇਸ ਨਾਲ ਪੱਤਿਆਂ ਦੀਆਂ ਨਾੜੀਆਂ ਵੀ ਕਾਲੀਆਂ ਹੋ ਜਾਂਦੀਆਂ ਹਨ। ਗੰਭੀਰ ਹਾਲਤਾਂ ਵਿੱਚ ਪੱਤੇ ਸੁੱਕ ਕੇ ਡਿੱਗ ਪੈਂਦੇ ਹਨ। ਇਸ ਰੋਗ ਨਾਲ ਟੀਂਡਿਆਂ ਉੱਤੇ ਵੀ ਭੂਰੇ ਰੰਗ ਦੇ ਵਿੱਚਕਾਰੋਂ ਧੱਸੇ ਹੋਏ ਧੱਬੇ ਪੈ ਜਾਂਦੇ ਹਨ। ਇਸ ਰੋਗ ਦੇ ਜੀਵਾਣੂੰ ਬੀਜ ਰਾਹੀਂ ਅਤੇ ਫਸਲ ਦੀ ਰਹਿੰਦ-ਖੂੰਹਦ ਵਿੱਚ ਰਹਿੰਦੇ ਹਨ। ਇਸ ਦੀ ਰੋਕਥਾਮ ਲਈ ਬਿਮਾਰੀ ਰਹਿਤ ਬੀਜ ਦੀ ਵਰਤੋਂ ਕਰੋ।